

# SIKHS IN INDIA

# REHRAS SAHIB in Punjabi

https://Sikhsinindia.com
Email: sikhsinindia@gmail.com

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥ ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥ ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥ ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥੧੩॥੨੦॥

ਸਲੋਕੁ ਮ: ੧ ॥

ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥

ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥

ਸੋ ਦਰੁ ਰਾਗੁ ਆਸਾ ਮਹਲਾ ੧

ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥

ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥ ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥

ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥

ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥

ਆਸਾ ਮਹਲਾ ੧ ॥

ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥

ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥

ਆਸਾ ਮਹਲਾ ੧ ॥

ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥

ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥
ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ
ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ
ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ
ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ
ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ
ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥
ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ
ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ
॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥
ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ
ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ
ਬਾਝੁ ਸਨਾਤਿ ॥੪॥੩॥

# ਰਾਗੁ ਗੂਜਰੀ ਮਹਲਾ ੪ ॥

ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ

ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ
ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ
ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ
ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ
ਮਿਲਿ ਜਨ ਨਾਨਕ ਨਾਮੁ ਪਰਗਾਸਿ
॥੪॥੪॥

ਰਾਗੁ ਗੂਜਰੀ ਮਹਲਾ ੫ ॥

ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ
ਹਰਿ ਜੀਉ ਪਰਿਆ ॥ ਸੈਲ ਪਥਰ ਮਹਿ
ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ
ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ
ਮਿਲੇ ਸੁ ਤਰਿਆ ॥ ਗੁਰ ਪਰਸਾਦਿ ਪਰਮ
ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥

ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

ਰਾਗੁ ਆਸਾ ਮਹਲਾ ੪ ਸੋ ਪੁਰਖੁ

ੴ ਸਤਿਗੁਰ ਪ੍ਰਸਾਦਿ ॥

ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ

ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ ॥੧॥

ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ॥ ਤੂੰ ਆਪੇ ਦਾਤਾ ਆਪੇ ਭੁਗਤਾ

ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ॥
ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ
ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ
ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥੨॥

ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ
ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ
ਸੇ ਮੁਕਤੁ ਭਏ ਜਿਨ ਹਰਿ ਧਿਆਇਆ
ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ
ਨਿਰਭਉ ਜਿਨ ਹਰਿ ਨਿਰਭਉ ਧਿਆਇਆ
ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ
ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ
ਹਰਿ ਹਰਿ ਰੂਪਿ ਸਮਾਸੀ ॥

ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀ
ਜਨੁ ਨਾਨਕੁ ਤਿਨ ਬਲਿ ਜਾਸੀ ॥੩॥

ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ
ਬਿਅੰਤ ਬੇਅੰਤਾ ॥ ਤੇਰੇ ਭਗਤ ਤੇਰੇ ਭਗਤ
ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ
ਅਨੰਤਾ ॥ ਤੇਰੀ ਅਨਿਕ ਤੇਰੀ ਅਨਿਕ
ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ
ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ ਪੜਹਿ
ਬਹੁ ਸਿਮ੍ਰਿਤਿ ਸਾਸਤ ਜੀ ਕਰਿ ਕਿਰਿਆ
ਖਟੁ ਕਰਮ ਕਰੰਤਾ ॥ ਸੇ ਭਗਤ ਸੇ ਭਗਤ
ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ
ਭਗਵੰਤਾ ॥੪॥

ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ ॥ ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ ॥੫॥੧॥

ਆਸਾ ਮਹਲਾ ੪ ॥

ਤੂੰ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ ਸੋਈ ਹਉ ਪਾਈ ॥੧॥ ਰਹਾਉ ॥

ਸਭ ਤੇਰੀ ਤੂੰ ਸਭਨੀ ਧਿਆਇਆ ॥
ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ
ਪਾਇਆ ॥ ਗੁਰਮੁਖਿ ਲਾਧਾ ਮਨਮੁਖਿ
ਗਵਾਇਆ ॥ ਤੁਧੁ ਆਪਿ ਵਿਛੋੜਿਆ
ਆਪਿ ਮਿਲਾਇਆ ॥੧॥ ਤੂੰ ਦਰੀਆਉ
ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ
ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ
ਖੇਲੁ॥ ਵਿਜੋਗਿ ਮਿਲਿ ਵਿਛੁੜਿਆ ਸੰਜੋਗੀ
ਮੇਲੁ ॥੨॥ ਜਿਸ ਨੋ ਤੂ ਜਾਣਾਇਹਿ ਸੋਈ
ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ
ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ
ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ
ਸਮਾਇਆ ॥੩॥ ਤੂ ਆਪੇ ਕਰਤਾ ਤੇਰਾ
ਕੀਆ ਸਭੁ ਹੋਇ ॥

ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ ॥੪॥੨॥

ਆਸਾ ਮਹਲਾ ੧ ॥

ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂ ਨਾਹੀ ਵੀਸਰਿਆ ॥੨॥੩॥

ਆਸਾ ਮਹਲਾ ੫ ॥
ਭਈ ਪਰਾਪਤਿ ਮਾਨੁਖ ਦੇਹੁਰੀਆ ॥
ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ॥
ਅਵਰਿ ਕਾਜ ਤੇਰੈ ਕਿਤੈ ਨ ਕਾਮ ॥
ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥
ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ
ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥
ਰਹਾਉ ॥

ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥
ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥
ਕਹੁ ਨਾਨਕ ਹਮ ਨੀਚ ਕਰੰਮਾ ॥
ਸਰਣਿ ਪਰੇ ਕੀ ਰਾਖਹੁ ਸਰਮਾ ॥੨॥੪॥

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥
ਪਾਤਿਸਾਹੀ: ੧੦ ॥
ਕਬਯੋ ਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥ ਦੈ ਰੱਛਾ ॥
ਪੂਰਨ ਹੋਇ ਚਿਤ ਕੀ ਇੱਛਾ ॥
ਤਵ ਚਰਨਨ ਮਨ ਰਹੈ ਹਮਾਰਾ ॥
ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥
ਹਮਰੇ ਦੁਸਟ ਸਭੈ ਤੁਮ ਘਾਵਹੁ ॥
ਆਪੁ ਹਾਥ ਦੈ ਮੋਹਿ ਬਚਾਵਹੁ ॥
ਸੁਖੀ ਬਸੈ ਮੋਰੋ ਪਰਿਵਾਰਾ ॥
ਸੇਵਕ ਸਿੱਖਯ ਸਭੈ ਕਰਤਾਰਾ ॥੨॥
ਮੋ ਰੱਛਾ ਨਿਜ ਕਰ ਦੈ ਕਰਿਯੈ ॥
ਸਭ ਬੈਰਨ ਕੋ ਆਜ ਸੰਘਰਿਯੈ ॥

ਪੂਰਨ ਹੋਇ ਹਮਾਰੀ ਆਸਾ ॥
ਤੋਰ ਭਜਨ ਕੀ ਰਹੈ ਪਿਆਸਾ ॥੩॥
ਤੁਮਹਿ ਛਾਡਿ ਕੋਈ ਅਵਰ ਨ ਧਿਯਾਊਂ ॥
ਜੋ ਬਰ ਚਹੋਂ ਸੁ ਤੁਮ ਤੇ ਪਾਊਂ ॥
ਸੇਵਕ ਸਿੱਖਯ ਹਮਾਰੇ ਤਾਰੀਅਹਿ ॥
ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ ॥੪॥
ਆਪ ਹਾਥ ਦੈ ਮੁਝੈ ਉਬਰਿਯੈ ॥
ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥
ਹੂਜੋ ਸਦਾ ਹਮਾਰੇ ਪੱਛਾ ॥
ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥
ਰਾਖਿ ਲੇਹੁ ਮੁਹਿ ਰਾਖਨਹਾਰੇ ॥
ਸਾਹਿਬ ਸੰਤ ਸਹਾਇ ਪਿਯਾਰੇ ॥
ਦੀਨ ਬੰਧੁ ਦੁਸਟਨ ਕੇ ਹੰਤਾ ॥
ਤੁਮਹੋ ਪੁਰੀ ਚਤੁਰ ਦਸ ਕੰਤਾ ॥੬॥

ਕਾਲ ਪਾਇ ਬ੍ਰਹਮਾ ਬਪੁ ਧਰਾ ॥
ਕਾਲ ਪਾਇ ਸਿਵਜੂ ਅਵਤਰਾ ॥
ਕਾਲ ਪਾਇ ਕਰ ਬਿਸਨੁ ਪ੍ਰਕਾਸਾ ॥
ਸਕਲ ਕਾਲ ਕਾ ਕੀਆ ਤਮਾਸਾ ॥੭॥
ਜਵਨ ਕਾਲ ਜੋਗੀ ਸਿਵ ਕੀਓ ॥
ਬੇਦਰਾਜ ਬ੍ਰਹਮਾ ਜੂ ਥੀਓ ॥
ਜਵਨ ਕਾਲ ਸਭ ਲੋਕ ਸਵਾਰਾ ॥
ਨਮਸਕਾਰ ਹੈ ਤਾਹਿ ਹਮਾਰਾ ॥੮॥
ਜਵਨ ਕਾਲ ਸਭ ਜਗਤ ਬਨਾਯੋ ॥
ਦੇਵ ਦੈਤ ਜੱਛਨ ਉਪਜਾਯੋ ॥
ਆਦਿ ਅੰਤਿ ਏਕੈ ਅਵਤਾਰਾ ॥
ਸੋਈ ਗੁਰੂ ਸਮਝਿਯਹੁ ਹਮਾਰਾ ॥੯॥
ਨਮਸਕਾਰ ਤਿਸ ਹੀ ਕੋ ਹਮਾਰੀ ॥
ਸਕਲ ਪ੍ਰਜਾ ਜਿਨ ਆਪ ਸਵਾਰੀ ॥

ਸਿਵਕਨ ਕੋ ਸਿਵਗੁਨ ਸੁਖ ਦੀਓ ॥
ਸੱਤ੍ਰੁਨ ਕੋ ਪਲ ਮੋ ਬਧ ਕੀਓ ॥੧੦॥
ਘਟ ਘਟ ਕੇ ਅੰਤਰ ਕੀ ਜਾਨਤ ॥
ਭਲੇ ਬੁਰੇ ਕੀ ਪੀਰ ਪਛਾਨਤ ॥
ਚੀਟੀ ਤੇ ਕੁੰਚਰ ਅਸਥੂਲਾ ॥
ਸਭ ਪਰ ਕ੍ਰਿਪਾ ਦ੍ਰਿਸਟਿ ਕਰ ਫੂਲਾ ॥੧੧॥
ਸੰਤਨ ਦੁਖ ਪਾਏ ਤੇ ਦੁਖੀ ॥
ਸੁਖ ਪਾਏ ਸਾਧਨ ਕੇ ਸੁਖੀ ॥
ਏਕ ਏਕ ਕੀ ਪੀਰ ਪਛਾਨੈਂ ॥
ਘਟ ਘਟ ਕੇ ਪਟ ਪਟ ਕੀ ਜਾਨੈਂ ॥੧੨॥
ਜਬ ਉਦਕਰਖ ਕਰਾ ਕਰਤਾਰਾ ॥
ਪ੍ਰਜਾ ਧਰਤ ਤਬ ਦੇਹ ਅਪਾਰਾ ॥
ਜਬ ਆਕਰਖ ਕਰਤ ਹੋ ਕਬਹੂੰ ॥
ਤੁਮ ਮੈ ਮਿਲਤ ਦੇਹ ਧਰ ਸਭਹੂੰ ॥੧੩॥

ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥
ਆਪੁ ਆਪਨੀ ਬੂਝ ਉਚਾਰੈ ॥
ਤੁਮ ਸਭਹੀ ਤੇ ਰਹਤ ਨਿਰਾਲਮ ॥
ਜਾਨਤ ਬੇਦ ਭੇਦ ਅਰ ਆਲਮ ॥੧੪॥

ਨਿਰੰਕਾਰ ਨ੍ਰਿਬਿਕਾਰ ਨਿਰਲੰਭ ॥
ਆਦਿ ਅਨੀਲ ਅਨਾਦਿ ਅਸੰਭ ॥
ਤਾ ਕਾ ਮੂੜ੍ਹ ਉਚਾਰਤ ਭੇਦਾ ॥
ਜਾ ਕੌ ਭੇਵ ਨ ਪਾਵਤ ਬੇਦਾ ॥੧੫॥

ਤਾ ਕੌ ਕਰਿ ਪਾਹਨ ਅਨੁਮਾਨਤ ॥
ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥
ਮਹਾਦੇਵ ਕੌ ਕਹਤ ਸਦਾ ਸਿਵ ॥
ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥

ਆਪੁ ਆਪਨੀ ਬੁਧਿ ਹੈ ਜੇਤੀ ॥
ਬਰਨਤ ਭਿੰਨ ਭਿੰਨ ਤੁਹਿ ਤੇਤੀ ॥

ਤੁਮਰਾ ਲਖਾ ਨ ਜਾਇ ਪਸਾਰਾ ॥
ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥
ਏਕੈ ਰੂਪ ਅਨੂਪ ਸਰੂਪਾ ॥
ਰੰਕ ਭਯੋ ਰਾਵ ਕਹੀ ਭੂਪਾ ॥
ਅੰਡਜ ਜੇਰਜ ਸੇਤਜ ਕੀਨੀ ॥
ਉਤਭੁਜ ਖਾਨਿ ਬਹੁਰ ਰਚਿ ਦੀਨੀ ॥੧੮॥
ਕਹੂੰ ਫੂਲ ਰਾਜਾ ਹ੍ਵੈ ਬੈਠਾ ॥
ਕਹੂੰ ਸਿਮਟਿ ਭਿਯੋ ਸੰਕਰ ਇਕੈਠਾ ॥
ਸਗਰੀ ਸ੍ਰਿਸਟਿ ਦਿਖਾਇ ਅਚੰਭਵ ॥
ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥
ਅਬ ਰੱਛਾ ਮੇਰੀ ਤੁਮ ਕਰੋ ॥
ਸਿੱਖ ਉਬਾਰਿ ਅਸਿੱਖ ਸੰਘਰੋ ॥
ਦੁਸ਼ਟ ਜਿਤੇ ਉਠਵਤ ਉਤਪਾਤਾ ॥
ਸਕਲ ਮਲੇਛ ਕਰੋ ਰਣ ਘਾਤਾ ॥੨੦॥

ਜੇ ਅਸਿਧੁਜ ਤਵ ਸਰਨੀ ਪਰੇ ॥
ਤਿਨ ਕੇ ਦੁਸ਼ਟ ਦੁਖਿਤ ਹ੍ਵੈ ਮਰੇ ॥
ਪੁਰਖ ਜਵਨ ਪਗ ਪਰੇ ਤਿਹਾਰੇ ॥
ਤਿਨ ਕੇ ਤੁਮ ਸੰਕਟ ਸਭ ਟਾਰੇ ॥੨੧॥
ਜੋ ਕਲਿ ਕੋ ਇਕ ਬਾਰ ਧਿਐ ਹੈ ॥
ਤਾ ਕੇ ਕਾਲ ਨਿਕਟਿ ਨਹਿ ਐਹੈ ॥
ਰੱਛਾ ਹੋਇ ਤਾਹਿ ਸਭ ਕਾਲਾ ॥
ਦੁਸਟ ਅਰਿਸਟ ਟਰੇਂ ਤਤਕਾਲਾ ॥੨੨॥
ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥
ਤਾ ਕੇ ਤਾਪ ਤਨਕ ਮੋ ਹਰਿਹੋ ॥
ਰਿੱਧਿ ਸਿੱਧਿ ਘਰ ਮੋ ਸਭ ਹੋਈ ॥
ਦੁਸ਼ਟ ਛਾਹ ਛ੍ਵੈ ਸਕੈ ਨ ਕੋਈ ॥੨੩॥
ਏਕ ਬਾਰ ਜਿਨ ਤੁਮੈ ਸੰਭਾਰਾ ॥
ਕਾਲ ਫਾਸ ਤੇ ਤਾਹਿ ਉਬਾਰਾ ॥

ਜਿਨ ਨਰ ਨਾਮ ਤਿਹਾਰੋ ਕਹਾ ॥
ਦਾਰਿਦ ਦੁਸਟ ਦੋਖ ਤੇ ਰਹਾ ॥੨੪॥
ਖੜਗ ਕੇਤ ਮੈ ਸਰਣਿ ਤਿਹਾਰੀ ॥
ਆਪ ਹਾਥ ਦੈ ਲੇਹੁ ਉਬਾਰੀ ॥
ਸਰਬ ਠੌਰ ਮੋ ਹੋਹੁ ਸਹਾਈ ॥
ਦੁਸਟ ਦੋਖ ਤੇ ਲੇਹ ਬਚਾਈ ॥੨੫॥
ਕ੍ਰਿਪਾ ਕਰੀ ਹਮ ਪਰ ਜਗ ਮਾਤਾ ॥
ਗ੍ਰੰਥ ਕਰਾ ਪੂਰਨ ਸੁਭ ਰਾਤਾ ॥
ਕਿਲਬਿਖ ਸਕਲ ਦੇਹ ਕੋ ਹਰਤਾ ॥
ਦੁਸਟ ਦੋਖਿਯਨ ਕੋ ਛੈ ਕਰਤਾ ॥੨੬॥
ਸ੍ਰੀ ਅਸਿਧੁਜ ਜਬ ਭਏ ਦਇਆਲਾ ॥
ਪੂਰਨ ਕਰਾ ਗ੍ਰੰਥ ਤਤਕਾਲਾ ॥
ਮਨ ਬਾਂਛਤ ਫਲ ਪਾਵੈ ਸੋਈ ॥
ਦੂਖ ਨ ਤਿਸੈ ਬਿਆਪਤ ਕੋਈ ॥੨੭॥

ਅੜਿੱਲ ॥

ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ ॥
ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ॥
ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ॥ ਹੋ ਜੋ ਯਾਕੀ ਏਕ ਬਾਰ ਚੌਪਈ ਕੋ ਕਹੈ ॥੨੮॥

ਚੌਪਈ ॥

ਸੰਬਤ ਸੱਤ੍ਰਹ ਸਹਸ ਭਣਿੱਜੈ ॥
ਅਰਧ ਸਹਸ ਫੁਨਿ ਤੀਨਿ ਕਹਿੱਜੈ ॥
ਭਾਦ੍ਰਵ ਸੁਦੀ ਅਸਟਮੀ ਰਵਿ ਵਾਰਾ ॥
ਤੀਰ ਸਤੁੱਦ੍ਰਵ ਗ੍ਰੰਥ ਸੁਧਾਰਾ ॥੨੯॥

## ਸ੍ਵੈਯਾ

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ
ਆਂਖ ਤਰੇ ਨਹੀ ਆਨਯੋ ॥ ਰਾਮ ਰਹੀਮ
ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ
ਮਾਨਯੋ ॥ ਸਿਮ੍ਰਿਤਿ ਸਾਸਤ੍ਰ ਬੇਦ ਸਬੈ ਬਹੁ
ਭੇਦ ਕਹੈ ਹਮ ਏਕ ਨ ਜਾਨਯੋ ॥
ਸ੍ਰੀ ਅਸਪਾਨ ਕ੍ਰਿਪਾ ਤੁਮਰੀ ਕਰਿ
ਮੈ ਨ ਕਹਯੋ ਸਭ ਤੋਹਿ ਬਖਾਨਯੋ ॥

## ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਿਓ
ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ
ਅਸ ਗੋਬਿੰਦ ਦਾਸ ਤੁਹਾਰ ॥

# ਰਾਮਕਲੀ ਮਹਲਾ ੩ ਅਨੰਦੁ
ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥

ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥

ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥

ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥

ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥

ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥

## ਮੁੰਦਾਵਣੀ ਮਹਲਾ ੫ ॥

ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥

## ਸਲੋਕ ਮਹਲਾ ੫ ॥

ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥

ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥

## ਪਉੜੀ ॥

ਤਿਥੈ ਤੂ ਸਮਰਥੁ ਜਿਥੈ ਕੋਇ ਨਾਹਿ ॥
ਓਥੈ ਤੇਰੀ ਰਖ ਅਗਨੀ ਉਦਰ ਮਾਹਿ ॥
ਸੁਣਿ ਕੈ ਜਮ ਕੇ ਦੂਤ ਨਾਇ ਤੇਰੈ ਛਡਿ ਜਾਹਿ ॥ ਭਉਜਲੁ ਬਿਖਮੁ ਅਸਗਾਹੁ ਗੁਰ ਸਬਦੀ ਪਾਰਿ ਪਾਹਿ ॥ ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ ॥ ਕਲਿ ਮਹਿ ਏਹੋ ਪੁੰਨੁ ਗੁਣ ਗੋਵਿੰਦ ਗਾਹਿ ॥ ਸਭਸੈ ਨੋ ਕਿਰਪਾਲੁ ਸਮ੍ਾਲੇ ਸਾਹਿ ਸਾਹਿ ॥

ਬਿਰਥਾ ਕੋਇ ਨ ਜਾਇ ਜਿ ਆਵੈ ਤੁਧੁ ਆਹਿ ॥੯॥

ਸਲੋਕੁ ਮ: ੫ ॥

ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ ॥ ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ ॥ ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ ॥ ਕਹੁ ਨਾਨਕ ਕਿਰਪਾ ਕਰੇ ਜਿਸ ਨੋ ਏਹ ਵਥੁ ਦੇਇ ॥ ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ ॥੧॥

ਮ: ੫ ॥

ਰਖੇ ਰਖਣਹਾਰਿ ਆਪਿ ਉਬਾਰਿਅਨੁ ॥
ਗੁਰ ਕੀ ਪੈਰੀ ਪਾਇ ਕਾਜ ਸਵਾਰਿਅਨੁ॥
ਹੋਆ ਆਪਿ ਦਇਆਲੁ
ਮਨਹੁ ਨ ਵਿਸਾਰਿਅਨੁ ॥
ਸਾਧ ਜਨਾ ਕੈ ਸੰਗਿ ਭਵਜਲੁ ਤਾਰਿਅਨੁ ॥
ਸਾਕਤ ਨਿੰਦਕ ਦੁਸਟ
ਖਿਨ ਮਾਹਿ ਬਿਦਾਰਿਅਨੁ ॥
ਤਿਸੁ ਸਾਹਿਬ ਕੀ ਟੇਕ
ਨਾਨਕ ਮਨੈ ਮਾਹਿ ॥
ਜਿਸੁ ਸਿਮਰਤ ਸੁਖੁ ਹੋਇ
ਸਗਲੇ ਦੂਖ ਜਾਹਿ ॥੨॥